# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 13-11-2024**

- ਪੰਜਾਬ ਰਾਜ ਚੋਣ ਕਮਿਸ਼ਨ ਨੇ 5 ਨਗਰ ਨਿਗਮਾਂ ,43 ਨਗਰ ਕੌਂਸਲਾਂ ਤੇ ਨਗਰ ਪੰਚਾਇਤਾਂ ਅਤੇ ਰਾਜ ਦੀਆਂ ਵੱਖਵੱਖ ਨਗਰ ਪਾਲਿਕਾਵਾਂ ਦੀਆਂ 52 ਜ਼ਿਮਨੀ ਚੋਣਾਂ ਲਈ ਵੋਟਰ ਸੂਚੀਆਂ ਦੀ ਸੋਧ ਲਈ ਸ਼ਡਿਊਲ ਨੂੰ NOTIFY ਕਰ ਦਿੱਤਾ ਏ ।
- ਪੰਜਾਬ ਦੀ ਨਵੀਂ ਸੂਚਨਾ ਤਕਨਾਲਜੀ ਨੀਤੀ ਛੇਤੀ ਹੀ ਲਿਆਉਣ ਦੀ ਯੋਜਨਾ ਏ.
- ਕੇਂਦਰੀ ਖਪਤਕਾਰ ਸੁਰੱਖਿਆ ਅਥਾਰਟੀ ਨੇ ਕੋਚਿੰਗ ਸੰਸਥਾਵਾਂ ਵਲੋਂ ਗੁੰਮਰਾਹਕੁੰਨ ਇਸ਼ਤਿਹਾਰਾਂ ਨੂੰ ਰੋਕਣ ਲਈ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਨੇ।
- ਅੱਜ ਸੂਬੇ ਭਰ ਵਿਚ ਵਖ ਵਖ ਥਾਵਾਂ ‘ਤੇ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ 555 ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਗਰ ਕੀਰਤਨ ਸਜਾਏ ਗਏ.

- ਚੰਡੀਗੜ੍ਹ ਸਮੇਤ ਪੰਜਾਬ ਦੇ ਜ਼ਿਆਦਾਤਰ ਹਿੱਸਿਆਂ ਵਿੱਚ ਅਜ ਧੁੰਦ ਤੇ ਧੂੰਏਂ ਕਾਰਨ ਘੱਟ ਦਿਖਾਈ ਦੇਣ ਨਾਲ ਉਡਾਣਾਂ ਦੇ ਸੰਚਾਲਨ ਵਿੱਚ ਦੇਰੀ ਹੋਈ ਏ।

-----------------------------------------------------------------------------------

ਪੰਜਾਬ ਰਾਜ ਚੋਣ ਕਮਿਸ਼ਨ ਨੇ 5 ਨਗਰ ਨਿਗਮਾਂ ਅੰਮ੍ਰਿਤਸਰ, ਜਲੰਧਰ, ਲੁਧਿਆਣਾ, ਪਟਿਆਲਾ ਅਤੇ ਫਗਵਾੜਾ ਅਤੇ 43 ਨਗਰ ਕੌਂਸਲਾਂ ਤੇ ਨਗਰ ਪੰਚਾਇਤਾਂ ਅਤੇ ਰਾਜ ਦੀਆਂ ਵੱਖਵੱਖ ਨਗਰ ਪਾ ਲਿਕਾਵਾਂ ਦੀਆਂ 52 ਜ਼ਿਮਨੀ ਚੋਣਾਂ ਲਈ ਵੋਟਰਸੂਚੀਆਂ ਦੀ ਸੁਧਾਈ ਲਈ ਸ਼ਡਿਊਲ ਨੂੰ NOTIFY ਕਰ ਦਿੱਤਾ ਏ ।ਇਸ ਸਬੰਧੀ ਜਾਣਕਾ ਰੀ ਦਿੰਦਿਆਂ ਪੰਜਾਬ ਰਾਜ ਚੋਣ ਕਮਿਸ਼ਨਰ;ਰਾਜ ਕਮਲ ਚੌਧਰੀ ਨੇ ਦੱਸਿਆ ਕਿ ਚੋਣਕਾਰ ਰਜਿਸਟ੍ਰੇਸ਼ਨ;ਅਧਿਕਾਰੀਆਂ ਵੱਲੋਂ ਡਰਾਫਟ ਵੋਟਰ ਸੂਚੀਆਂ ਦੀ ਪ੍ਰਕਾਸ਼ਨਾ14. ਨਵੰਬਰ ਨੂੰ ਕੀਤੀ ਜਾਵੇਗੀ ਅਤੇ ਦਾਅਵੇ ਅਤੇ ਇਤਰਾਜ਼, ਜੇਕਰ ਕੋਈ ਹੋਵੇ, ਦਰਜ ਕਰਨ ਦਾ ਕੰਮ 1 8.11.2024 ਤੋਂ 25.11.2024 ਤੱਕ ਕੀਤਾ ਜਾਵੇਗਾ। ਇਸ ਸਬੰਧ ਵਿੱਚ ਮਿਤੀ 07.12.2024 ਨੂੰ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ ਕੀਤੀ ਜਾਵੇਗੀ ।

ਉਨ੍ਹਾਂ ਅੱਗੇ ਦੱਸਿਆ ਕਿ ਸਮੂਹ ਡਿਪਟੀ ਕਮਿਸ਼ਨਰਾਂ-ਕਮ-ਜ਼ਿਲ੍ਹਾ ਚੋਣ ਅਫ਼ਸਰਾਂ ਨੂੰ ਹਦਾਇਤ ਕੀਤੀ ਗਈ ਏ ਕਿ ਉਹ ਮੌਜੂਦਾ ਵੋਟਰ ਸੂਚੀਆਂ14 ਨਵੰਬਰ ਨੂੰ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਦੇ ਦਫ਼ਤਰ ਦੇ ਨਾਲਨਾਲ ਸਬੰਧਿਤ ਨਗਰ ਪਾਲਿਕਾ ਵਿੱਚ ਜਨਤਕ ਕਰਨ.ਵਧੇਰੇ ਜਾਣਕਾਰੀ ਲਈ ਕਮਿਸ਼ਨ ਦੀ ਅਧਿਕਾਰਿਕ WEBSITE ‘ਤੇ ਲੋਗਿਨ ਕੀਤਾ ਜਾ ਸਕਦਾ ਏ ।

-----------------------------------------------------------------------------------

ਪੰਜਾਬ ਦੇ ਵਪਾਰ ਤੇ ਸਨਅਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਏ ਕਿ ਸੂਬੇ ਦੀਆਂ ਸਨਅਤਾਂ ਦੀ ਤਰੱਕੀ ਲਈ ਪੰਜਾਬ ਸਰਕਾਰ ਸੁਹਿਰਦਤਾ ਅਤੇ ਸੰਜੀਦਗੀ ਨਾਲ ਕੰਮ ਕਰ ਰਹੀ ਏ ਅਤੇ ਇਸ ਲਈ ਪੂਰੀ ਤਰ੍ਹਾਂ ਵਚਨਬੱਧ ਏ ।ਪੰਜਾਬ ਯੂਨੀਵਰਸਿਟੀ ਵਿਖੇ ਵਿਸ਼ਵ ਪੰਜਾਬੀ ਸੰਸਥਾ ਦੇ ਮੁਖੀ, ਰਾਜ ਸਭਾ ਮੈਂਬਰ ਵਿਕਰਮਜੀਤ ਸਿੰਘ ਸਾਹਨੀ ਵੱਲੋਂ ਕਰਵਾਏ ਪੰਜਾਬ ਵੀਜ਼ਨ 2047 ਮੌਕੇ "ਪੰਜਾਬ ਦਾ ਉਦਯੋਗ: ਵਾਧੇ ਲਈ ਵਿਚਾਰਾਂ" ਵਿਸ਼ੇ’ਤੇ ਬੋਲਦਿਆ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ

ਪੰਜਾਬ ਦੀ ਨਵੀਂ ਆਈ.ਟੀ. (ਸੂਚਨਾ ਤਕਨਾਲਜੀ) ਨੀਤੀ ਨੂੰ ਜਲਦ ਲਾਗੂ ਕਰਨ ਦੀ ਯੋਜਨਾ ਏ, ਜਿਸ ਸਦਕਾ ਮੋਹਾਲੀ ਉੱਤਰੀ ਭਾਰਤ ਦੇ ਨਵੇਂ ਆਈ.ਟੀ. ਕੇਂਦਰ ਵਜੋਂ ਉੱਭਰ ਕੇ ਸਾਹਮਣੇ ਆਵੇਗਾ। ਉਨ੍ਹਾਂ ਕਿਹਾ ਕਿ ਇਸ ਨੀਤੀ ਦੇ ਲਾਗੂ ਹੋਣ ਤੋਂ ਬਾਅਦ ਕਰੀਬ 55 ਹਜ਼ਾਰ ਆਈ.ਟੀ. ਪੇਸ਼ੇਵਰਾਂ ਨੂੰ ਨੌਕਰੀਆਂ ਦੇ ਮੌਕੇ ਮਿਲਣਗੇ. ਸੌਂਦ ਨੇ ਕਿਹਾ ਕਿ ਪਿਛਲੇ ਕੁਝ ਸਮੇਂ ਵਿੱਚ ਉਨ੍ਹਾਂ ਨਾਲ ਬਹੁਤ ਸਾਰੀਆਂ ਆਈ.ਟੀ. ਕੰਪਨੀਆਂ ਦੇ ਨੁਮਾਇੰਦਿਆ ਅਤੇ ਵਫਦਾਂ ਵੱਲੋਂ ਮੁਲਾਕਾਤ ਕਰਕੇ ਪੰਜਾਬ ਵਿੱਚ, ਖ਼ਾਸ ਤੌਰ'ਤੇ ਮੋਹਾਲੀ 'ਚ ਕੰਪਨੀਆਂ ਸ਼ੁਰੂ ਕਰਨ ਵਿੱਚ ਦਿਲਚਸਪੀ ਦਿਖਾਈ ਗਈ ਏ । ਉਨ੍ਹਾਂ ਇਸ ਗੱਲ ਦੀ ਖੁਸ਼ੀ ਪ੍ਰਗਟਾਈ ਕਿ "ਇਨਵੈਸਟ ਪੰਜਾਬ" ਪੋਰਟਲ ਪੂਰੇ ਦੇਸ਼ ਵਿੱਚ ਆਪਣੀ ਕਾਰਗੁਜ਼ਾਰੀ ਸਦਕਾ ਅਵੱਲ ਰਿਹਾ ਏ ਅਤੇ ਇਸ ਉੱਤੇ 58 ਹਜ਼ਾਰ ਦੇ ਕਰੀਬ ਛੋਟੇ ਅਤੇ ਦਰਮਿਆਨੇ ਉਦਮਾਂ ਨੇ ਰਜਿਸਟ੍ਰੇਸ਼ਨ ਕਰਵਾਈ ਏ, ਜੋ ਕਿ ਆਪਣੇ ਆਪ ਵਿੱਚ ਇੱਕ ਰਿਕਾਰਡ ਏ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਜਿੱਥੇ ਨਵੇਂ ਉਦਮਾਂ ਦੀ ਸਥਾਪਤੀ ਲਈ ਕੋਸ਼ਿਸ਼ਾਂ ਕੀਤੀਆਂ ਜਾ

ਰਹੀਆਂ ਨੇ ਤੇ, ਇਥੇ ਮੌਜੂਦਾ ਉਦਮਾਂ ਨੂੰ ਹੋਰ ਬੇਹਤਰ ਸਹੂਲਤਾਂ ਤੇ ਸਹਿਯੋਗ ਦੇ ਕੇ ਤਰੱਕੀ ਦੇ ਨਵੇਂ ਬੂਹੇ ਖੋਲ੍ਹੇ ਜਾ ਰਹੇ ਨੇ. ਇਸ ਤੋਂ ਪਹਿਲਾਂ ਬੋਲਦਿਆਂ ਸਕੂਲ ਸਿੱਖਿਆ, ਤਕਨੀਕੀ ਸਿੱਖਿਆ ਤੇ ਸਨਅਤੀ ਸਿਖਲਾਈ ਅਤੇ ਸੂਚਨਾ ਤੇ ਲੋਕ ਸੰਪਰਕ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਉਦਮਾਂ ਦੀ ਮੰਗ ਅਨੁਸਾਰ ਤਕਨੀਕੀ ਸਿੱਖਿਆ ਵਿੱਚ ਨਵੇਂ ਕੋਰਸ ਲਿਆਂਦੇ ਜਾ ਰਹੇ ਨੇ.

---

ਕੇਂਦਰੀ ਖਪਤਕਾਰ ਸੁਰੱਖਿਆ ਅਥਾਰਟੀ ਨੇ ਕੋਚਿੰਗ ਸੰਸਥਾਵਾਂ ਵਲੋਂ ਗੁੰਮਰਾਹਕੁੰਨ ਇਸ਼ਤਿਹਾਰਾਂ ਨੂੰ ਰੋਕਣ ਲਈ ਅੱਜ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਨੇ। ਇਸ ਤਹਿਤ ਸਾਰੀਆਂ ਕੋਚਿੰਗ ਸੰਸਥਾਵਾਂ ਨੂੰ ਆਪਣੇ ਵਿਦਿਆਰਥੀਆਂ ਅਤੇ ਕੋਰਸਾਂ ਬਾਰੇ ਲੋੜੀਂਦੀ ਜਾਣਕਾਰੀ ਦੇਣ ਲਈ ਕਿਹਾ ਗਿਆ ਏ ਤਾਂ ਜੋ ਉਮੀਦਵਾਰਾਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਗੁੰਮਰਾਹ ਹੋਣ ਤੋਂ ਬਚਾਇਆ ਜਾ ਸਕੇ। ਖਪਤਕਾਰ ਮਾਮਲਿਆਂ ਦੇ ਸਕੱਤਰ Nidhi Khare ਨੇ ਵੱਖ-ਵੱਖ ਕੋਚਿੰਗ ਸੰਸਥਾਵਾਂ ਦੇ ਗੁੰਮਰਾਹਕੁੰਨ ਇਸ਼ਤਿਹਾਰਾਂ ਨੂੰ ਰੋਕਣ ਲਈ, ਨਵੀਂ ਦਿੱਲੀ ਵਿੱਚ ਇਹ ਦਿਸ਼ਾ-ਨਿਰਦੇਸ਼ ਜਾਰੀ ਕੀਤੇ।

ਉਨ੍ਹਾਂ ਨੇ ਦੱਸਿਆ ਕਿ 9 UPSC ਕੋਚਿੰਗ ਸੰਸਥਾਵਾਂ ਨੇ ਪਿਛਲੇ ਸਾਲ ਸਿਵਲ ਸਰਵਿਸਿਜ਼ ਇਮਤਿਹਾਨ ਦੌਰਾਨ ਕੁੱਲ 2 ਹਜ਼ਾਰ 600 ਤੋਂ ਵੱਧ ਉਮੀਦਵਾਰਾਂ ਦੀ ਚੋਣ ਹੋਣ ਦਾ ਦਾਅਵਾ ਕੀਤਾ ਸੀ, ਹਾਲਾਂਕਿ, ਉਸ ਸਾਲ ਸਿਰਫ ਇੱਕ ਹਜ਼ਾਰ ਉਮੀਦਵਾਰਾਂ ਦੀ ਹੀ ਚੋਣ ਹੋਈ ਸੀ। ਕੇਂਦਰੀ ਖਪਤਕਾਰ ਸੁਰੱਖਿਆ ਅਥਾਰਟੀ ਨੇ ਹੁਣ ਤੱਕ 45 UPSC ਕੋਚਿੰਗ ਸੰਸਥਾਵਾਂ ਨੂੰ ਨੋਟਿਸ ਜਾਰੀ ਕੀਤਾ ਏ ਅਤੇ ਗੁੰਮਰਾਹਕੁੰਨ ਇਸ਼ਤਿਹਾਰਾਂ ਲਈ, 56 ਲੱਖ ਰੁਪਏ ਤੋਂ ਵੱਧ ਦਾ ਜੁਰਮਾਨਾਂ ਲਾਇਆ ਏ। ਕੋਚਿੰਗ ਸੰਸਥਾਵਾਂ ਕੋਲ ਖਪਤਕਾਰ ਸ਼ਿਕਾਇਤਾਂ ਬਾਰੇ ਨਿਪਟਾਰੇ ਲਈ, ਸਰਗਰਮ ਪ੍ਰਬੰਧ ਹੋਣੇ ਚਾਹੀਦੇ ਨੇ।

--------------------------------------------------------------------------------

ਅੱਜ ਸੂਬੇ ਭਰ ਵਿਚ ਵਖ ਵਖ ਥਾਵਾਂ ‘ਤੇ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ 555 ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਗਰ ਕੀਰਤਨ ਸਜਾਏ ਗਏ. ਇਸ ਦੌਰਾਨ ਗੁਰਦੁਆਰਾਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕਰਵਾਏ ਗਏ। ਨਾਲ ਹੀ 14 ਨਵੰਬਰ ਨੂੰ ਗੁਰਦੁਆਰਾ ਸ੍ਰੀ

ਫਤਿਹਗੜ੍ਹ ਸਾਹਿਬ ਤੋਂ ਵਿਸ਼ਾਲ ਨਗਰ ਕੀਰਤਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਸਜਾਇਆ ਜਾਵੇਗਾ ਜੋ ਫਤਿਹਗੜ੍ਹ ਸਾਹਿਬ ਤੋਂ ਆਰੰਭ ਹੋ ਕੇ ਸ਼ਹਿਰ ਦੇ ਵੱਖ-ਵੱਖ ਸਥਾਨਾਂ ਤੋਂ ਹੁੰਦਾ ਹੋਇਆ ਸ਼ਾਮੀ ਗੁਰਦੁਆਰਾ ਸ੍ਰੀ ਜੋਤੀਸਰੂਪ ਸਾਹਿਬ ਪਹੁੰਚ ਕੇ ਸਮਾਪਤ ਹੋਵੇਗਾ. ਇਸ ਦੇ ਨਾਲ ਹੀ ਅੱਜ ਆਰੰਭ ਹੋਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ 15 ਨਵੰਬਰ ਨੂੰ ਪਾਏ ਜਾਣਗੇ । ਉਧਰ ਮੰਡੀ ਗੋਬਿੰਦਗੜ੍ਹ ਦੇ ਗੁਰਦੁਆਰਾ ਪਾਤਸ਼ਾਹੀ ਛੇਵੀਂ ਤੋਂ ਵੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ । ਇਸ ਮੌਕੇ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅੰਤਰਿੰਗ ਕਮੇਟੀ ਮੈਂਬਰ ਭਾਈ ਰਵਿੰਦਰ ਸਿੰਘ ਖਾਲਸਾ ਵਲੋਂ ਪੰਜ ਪਿਆਰਿਆਂ ਨੂੰ ਸਿਰੋਪਾਓ ਭੇਂਟ ਕੀਤੇ ਗਏ। ਇਸ ਵਿਸ਼ਾਲ ਨਗਰ ਕੀਰਤਨ ਦਾ ਮੰਡੀ ਗੋਬਿੰਦਗੜ੍ਹ ਵਿੱਚ ਵੱਖ-ਵੱਖ ਥਾਵਾਂ ਤੇ ਸੰਗਤਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ ਅਤੇ ਗੁਰੂ ਦੀਆਂ ਲਾਡਲੀਆਂ ਫੌਜਾਂ ਵੱਲੋਂ ਗਤਕੇ ਦੇ ਦਿਲਕਸ਼ ਜੌਹਰ ਵੀ ਦਿਖਾਏ ਗਏ। ਇਸ

ਵਿਸ਼ਾਲ ਨਗਰ ਕੀਰਤਨ ਵਿੱਚ ਸ਼ਹਿਰ ਦੀਆਂ ਵੱਖੋ ਵੱਖ ਧਾਰਮਿਕ ਸੰਸਥਾਨਾਂ ਵੱਲੋਂ ਵਿਸ਼ੇਸ਼ ਸਹਿਯੋਗ ਦਿੱਤਾ ਗਿਆ।

------------------------------------------------------------------------

ਦੁਨੀਆਂ ਭਰ ਦੀ ਹਕੂਮਤਾਂ ਵਿੱਚ ਵਿਲੱਖਣ ਤੇ ਵਿਸ਼ੇਸ਼ ਦਰਜਾ ਰੱਖਣ ਵਾਲੀ ਸਿੱਖ ਰਾਜ ਦੀ ਹਕੂਮਤ ਦੇ ਨਿਰਮਾਤਾ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਜੀ ਦਾ ਅੱਜ 244ਵਾਂ ਜਨਮ ਦਿਹਾੜਾ ਇੰਟੈਕ ਅੰਮ੍ਰਿਤਸਰ ਵੱਲੋਂ ਸ਼ਾਹੀ ਬਾਰਾਂਦਰੀ ਦੀਨਾਨਗਰ ਵਿਖੇ ਪੂਰੇ ਉਤਸ਼ਾਹ ਨਾਲ ਮਨਾਇਆ ਗਿਆ। ਇੰਟੈਕ ਅੰਮ੍ਰਿਤਸਰ ਵੱਲੋਂ ਇਸ ਦਿਹਾੜੇ ਦੇ ਸੰਬੰਧ ਵਿੱਚ ਸ਼ਹਿਰ ਭਰ ਦੇ ਇੰਟੈਕ ਨਾਲ ਜੁੜੇ ਹੋਏ ਸਕੂਲਾਂ ਵਿੱਚ ਲੇਖ ਮੁਕਾਬਲੇ ਕਰਵਾਏ ਗਏ ਸਨ ਉੱਥੇ ਹੀ ਇੰਟੈਕ ਅੰਮ੍ਰਿਤਸਰ ਵੱਲੋਂ ਵਿਰਾਸਤ ਨਾਲ ਜੁੜੀਆਂ ਸੰਸਥਾਵਾਂ ਅਤੇ ਰਿਆੜਕੀ ਸੰਸਥਾਵਾਂ ਦੇ ਸਹਿਯੋਗ ਨਾਲ ਸਰਕਾਰ-ਏ-ਖ਼ਾਲਸਾ ਦੀ ਗਰਮੀਆਂ ਦੀ ਰਾਜਧਾਨੀ ਦੀਨਾ ਨਗਰ ਸ਼ਹਿਰ ਵਿਖੇ ਮਹਾਰਾਜਾ ਰਣਜੀਤ ਸਿੰਘ ਦੀ ਮੌਜੂਦ ਵਿਰਾਸਤੀ ਧਰੋਹਰ ਬਾਰਾਂਦਰੀ ਵਿੱਚ ਇੱਕ ਵਿਸ਼ੇਸ਼ ਯਾਦਗਾਰੀ ਸਮਾਗਮ ਕਰਵਾਇਆ ਗਿਆ। ਇਸ ਮੌਕੇ ਇੰਟੈਕ ਪੰਜਾਬ ਦੇ ਕਨਵੀਨਰ ਮੇਜਰ ਜਨਰਲ

ਬਲਵਿੰਦਰ ਸਿੰਘ ਨੇ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਦੇ ਜਨਮ ਦਿਹਾੜੇ ਦੀ ਵਧਾਈ ਦਿੰਦਿਆਂ ਕਿਹਾ ਕਿ ਮਹਾਰਾਜਾ ਰਣਜੀਤ ਸਿੰਘ ਇਤਿਹਾਸ ਦਾ ਉਹ ਨਾਇਕ ਹੈ ਜਿਸਨੇ ਆਪਣੀ ਬਹਾਦਰੀ ਅਤੇ ਸਿਆਣਪ ਨਾਲ ਵਿਸ਼ਾਲ ਰਾਜ ਕਾਇਮ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬੀਆਂ ਨੂੰ ਆਪਣੇ ਮਹਾਰਾਜੇ ਉੱਪਰ ਮਾਣ ਹੈ। ਇਸ ਮੌਕੇ ਉਨ੍ਹਾਂ ਦੀਨਾਨਗਰ ਨਾਲ ਸੰਬੰਧਿਤ ਖੋਜ ਭਰਪੂਰ ਲੇਖ ਬਾਰੇ ਵੀ ਵਿਚਾਰ ਚਰਚਾ ਕੀਤੀ ਗਈ।

---------------------------------------------------------------------------

ਫਾਜ਼ਿਲਕਾ ਦੇ ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਨੇ ਦੱਸਿਆ ਕਿ ਭਾਰਤ ਸਰਕਾਰ ਵੱਲੋਂ ਜਾਰੀ ਕੀਤਾ ਜਾਣ ਵਾਲਾ 'ਆਧਾਰ' ਇਕ ਮਹੱਤਵਪੂਰਨ ਪਛਾਣ ਪੱਤਰ ਏ , ਜੋ ਨਾਗਰਿਕਾਂ ਨੂੰ ਵੱਖ-ਵੱਖ ਲਾਭ ਪ੍ਰਦਾਨ ਕਰਦਾ ਏ । ਓਹਨਾ ਕਿਹਾ ਕਿ ਫਾਜ਼ਿਲਕਾ ਜ਼ਿਲ੍ਹੇ ਵਿੱਚ 5 ਸਾਲ ਤੋਂ ਘੱਟ ਉਮਰ ਦੇ ਜਿਹਨਾਂ ਬੱਚਿਆਂ ਦੇ ਆਧਾਰ ਕਾਰਡ ਨਹੀਂ ਬਣੇ ਨੇ, ਜਾ ਜਿਨ੍ਹਾਂ 5 ਤੋਂ 15 ਸਾਲ ਦੀ ਉਮਰ ਦੇ ਬੱਚਿਆਂ ਦਾ ਬਾਇਓਮੀਟ੍ਰਿਕ ਅਪਡੇਟ ਬਕਾਇਆ ਏ , ਉਨ੍ਹਾਂ ਦੇ ਮਾਪੇ ਨਜ਼ਦੀਕੀ ਸੇਵਾ ਕੇਂਦਰ

ਵਿੱਚ ਜਾ ਕੇ ਬੱਚਿਆਂ ਦੇ ਆਧਾਰ ਕਾਰਡ ਬਣਵਾਉਣ ਅਤੇ ਆਧਾਰ ਕਾਰਡ ਅੱਪਡੇਟ ਕਰਵਾਉਣ ਦੀ ਅਪੀਲ ਕੀਤੀ ਤਾਂ ਜੋ ਭਵਿੱਖ ਵਿੱਚ ਕਿਸੇ ਵੀ ਤਰ੍ਹਾਂ ਦੀ ਦਫ਼ਤਰੀ ਸਮੱਸਿਆ ਤੋਂ ਬਚਿਆ ਜਾ ਸਕੇ।

---------------------------------------------------------------------------------------

ਫਰੀਦਕੋਟ ਡਿਪਟੀ ਕਮਿਸ਼ਨਰ ਸ੍ਰੀ ਵਿਨੀਤ ਕੁਮਾਰ ਨੇ ਦੱਸਿਆ ਏ ਕਿ ਜ਼ਿਲ੍ਹੇ ਵਿਚ ਝੋਨੇ ਦੀ ਖ਼ਰੀਦ, ਚੁਕਾਈ ਅਤੇ ਅਦਾਇਗੀ ਦਾ ਕੰਮ ਲਗਾਤਰ ਜੰਗੀ ਪੱਧਰ ਤੇ ਜਾਰੀ ਏ ਤੇ ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਤਰਾਂ ਦੀ ਦਿੱਕਤ ਨਹੀ ਆਉਣ ਦਿੱਤੀ ਜਾ ਰਹੀ । ਕਿਸਾਨਾਂ ਨੂੰ ਹੁਣ ਤੱਕ ਖ਼ਰੀਦੇ ਝੋਨੇ ਦੀ 1 ਹਾਜ਼ਰ 116.27 ਕਰੋੜ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਏ । ਉਨ੍ਹਾਂ ਦੱਸਿਆ ਕਿ ਕੱਲ ਸ਼ਾਮ ਤੱਕ 5 ਲੱਖ 32 ਹਾਜ਼ਰ 382 ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ ਜਿਸ ਵਿੱਚ 5 ਲੱਖ 26 ਲੱਖ 449 ਮੀਟਰਕ ਟਨ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਏ । ਖਰੀਦ

ਦੇ ਅੰਕੜਿਆਂ ਮੁਤਾਬਕ ਵੱਖ ਵੱਖ ਏਜੰਸੀਆਂ ਜਿੰਨਾਂ ਵਿੱਚ ਪਨਗ੍ਰੇਨ ,ਮਾਰਕਫੈਡ , ਪਨਸਪ ਨੇ 109745 ਮੀਟ੍ਰਿਕ ਟਨ, ਪੰਜਾਬ ਰਾਜ ਗੋਦਾਮ ਨਿਗਮ ਅਤੇ ਪ੍ਰਾਈਵੇਟ ਵਪਾਰੀਆਂ ਨੇ ਝੋਨੇ ਦੀ ਖਰੀਦ ਕੀਤੀ ਏ । ਉਨ੍ਹਾਂ ਦੱਸਿਆ ਹੁਣ ਤੱਕ ਜ਼ਿਲੇ ਵਿਚ ਕੁੱਲ 3 ਲੱਖ 62 ਲੱਖ 776 ਮੀਟ੍ਰਿਕ ਟਨ ਝੋਨੇ ਦੀ ਲਿਫਟਿੰਗ ਹੋ ਚੁੱਕੀ ਏ । ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਸਮੂਹ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਝੋਨੇ ਦੀ ਪਰਾਲੀ ਅਤੇ ਹੋਰ ਰਹਿੰਦ-ਖੂੰਹਦ ਨੂੰ ਅੱਗ ਨਾ ਲਗਾਉਣ ।

----------------------------------------------------------------------------

ਪੰਜਾਬ ਦੇ ਜ਼ਿਆਦਾਤਰ ਹਿੱਸਿਆਂ ਅਤੇ ਕੇਂਦਰ ਪ੍ਰਬੰਧਿਤ ਪ੍ਰਦੇਸ਼ ਚੰਡੀਗੜ੍ਹ ਵਿੱਚ ਅਜ ਧੁੰਦ ਤੇ ਧੂੰਏਂ ਕਾਰਨ ਘੱਟ ਦਿਖਾਈ ਦੇਣ ਨਾਲ ਉਡਾਣਾਂ ਦੇ ਸੰਚਾਲਨ ਵਿੱਚ ਦੇਰੀ ਹੋਈ ਏ। ਧੂੰਆਂ ਨਾ ਸਿਰਫ ਸਾਹ ਨਾਲ ਸਬੰਧਤ ਡਾਕਟਰੀ ਸਮੱਸਿਆਵਾਂ ਨਾਲ ਜੂਝ ਰਹੇ ਲੋਕਾਂ ਲਈ ਮੁਸ਼ਕਲਾਂ ਪੈਦਾ ਕਰ ਰਿਹਾ ਏ, ਸਗੋਂ ਉਡਾਣਾਂ ਨੂੰ ਵੀ ਪ੍ਰਭਾਵਿਤ ਕਰ ਰਿਹਾ ਏ । ਅੰਮ੍ਰਿਤਸਰ ‘ਚ, RajaSansi ਅੰਤਰਰਾਸ਼ਟਰੀ ਹਵਾਈ ਅੱਡੇ ਦੇ ਹਵਾਲਿਆ ਨੇ ਪੁਸ਼ਟੀ ਕੀਤੀ ਏ ਕਿ ਬੀਤੀ ਸ਼ਾਮ, ਕੁਝ

ਉਡਾਣਾਂ ਦਾ ਰਾਹ ਬਦਲ ਦਿੱਤਾ ਗਿਆ ਏ ਕਿਉਂਕਿ ਉਹ ਘੱਟ ਦਿਖਾਈ ਦੇਣ ਕਾਰਨ ਲੈਂਡਿੰਗ ਕਰਨ ਵਿੱਚ ਅਸਮਰੱਥ ਸਨ। ਇਸੇ ਤਰ੍ਹਾਂ ਚੰਡੀਗੜ੍ਹ ਦੇ ਸ਼ਹੀਦ ਭਗਤ ਸਿੰਘ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਵੀ ਘੱਟ ਦਿਖਾਈ ਦੇਣ ਕਾਰਨ ਉਡਾਣਾਂ 'ਚ ਦੇਰੀ ਹੋਈ ਏ। ਇਸ ਦੌਰਾਨ, ਪੰਜਾਬ ਦੇ ਜ਼ਿਆਦਾਤਰ ਹਿੱਸਿਆਂ ਵਿੱਚ ਹਵਾ ਦੀ ਗੁਣਵੱਤਾ ਦਾ ਪੱਧਰ ਖਰਾਬ ਸ਼੍ਰੇਣੀ ਅਤੇ ਰਾਜਧਾਨੀ ਚੰਡੀਗੜ੍ਹ ‘ਚ ਬੇਹਦ ਖਰਾਬ ਸ਼੍ਰੇਣੀ ਵਿੱਚ ਬਣਿਆ ਹੋਇਆ ਏ । ਭਾਵੇਂ ਸੂਬੇ ਵਿੱਚ ਖੇਤਾਂ ਨੂੰ ਅੱਗ ਲਾਉਣ ਦੀਆਂ ਘਟਨਾਵਾਂ ‘ਚ ਗਿਰਾਵਟ ਆਈ ਏ, ਪਰ ਅਜੇ ਵੀ ਕਰੀਬ ਸਾਰੇ ਪੰਜਾਬ ਵਿੱਚ ਧੂੰਏਂ ਅਤੇ ਧੁੰਦ ਦੇ ਬੱਦਲ ਛਾਏ ਹੋਏ ਨੇ। ਮੌਸਮ ਵਿਭਾਗ ਨੇ ਕਿਹਾ ਏ ਕਿ ਮੀਂਹ ਨਾ ਪੈਣ ਕਾਰਨ, ਅਗਲੇ 10 ਦਿਨਾਂ ਤਕ ਕੋਈ ਰਾਹਤ ਨਾ ਮਿਲਣ ਦੀ ਸੰਭਾਵਨਾ ਏ। ਮੌਸਮ ਵਿਭਾਗ ਦੇ ਡਾਇਰੈਕਟਰ ਸੁਰੇਂਦਰ ਪਾਲ ਨੇ ਆਕਾਸ਼ਵਾਣੀ ਨੂੰ ਦੱਸਿਆ ਕਿ ਆਮ ਤੌਰ 'ਤੇ ਮੌਸਮ ਪਹਿਲਾਂ ਵਾਂਗ ਹੀ ਰਹਿਣ ਦੀ ਸੰਭਾਵਨਾ ਏ। ਹਾਲਾਂਕਿ, ਪੱਛਮੀ ਗੜਬੜੀ ਦੇ ਸਰਗਰਮ ਹੋਣ ਨਾਲ 15 ਨਵੰਬਰ ਨੂੰ ਬੱਦਲਵਾਈ ਹੋ ਸਕਦੀ ਏ।

---------------------------------------------------------------------------

- ਪੰਜਾਬ ਰਾਜ ਚੋਣ ਕਮਿਸ਼ਨ ਨੇ 5 ਨਗਰ ਨਿਗਮਾਂ ,43 ਨਗਰ ਕੌਂਸਲਾਂ ਤੇ ਨਗਰ ਪੰਚਾਇਤਾਂ ਅਤੇ ਰਾਜ ਦੀਆਂ ਵੱਖਵੱਖ ਨਗਰ ਪਾਲਿਕਾਵਾਂ ਦੀਆਂ 52 ਜ਼ਿਮਨੀ ਚੋਣਾਂ ਲਈ ਵੋਟਰ ਸੂਚੀਆਂ ਦੀ ਸੋਧ ਲਈ ਸ਼ਡਿਊਲ ਨੂੰ NOTIFY ਕਰ ਦਿੱਤਾ ਏ ।
- ਪੰਜਾਬ ਦੀ ਨਵੀਂ ਸੂਚਨਾ ਤਕਨਾਲਜੀ ਨੀਤੀ ਛੇਤੀ ਹੀ ਲਿਆਉਣ ਦੀ ਯੋਜਨਾ ਏ.
- ਕੇਂਦਰੀ ਖਪਤਕਾਰ ਸੁਰੱਖਿਆ ਅਥਾਰਟੀ ਨੇ ਕੋਚਿੰਗ ਸੰਸਥਾਵਾਂ ਵਲੋਂ ਗੁੰਮਰਾਹਕੁੰਨ ਇਸ਼ਤਿਹਾਰਾਂ ਨੂੰ ਰੋਕਣ ਲਈ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਨੇ।
- ਅੱਜ ਸੂਬੇ ਭਰ ਵਿਚ ਵਖ ਵਖ ਥਾਵਾਂ ‘ਤੇ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ 555 ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਗਰ ਕੀਰਤਨ ਸਜਾਏ ਗਏ.
- ਚੰਡੀਗੜ੍ਹ ਸਮੇਤ ਪੰਜਾਬ ਦੇ ਜ਼ਿਆਦਾਤਰ ਹਿੱਸਿਆਂ ਵਿੱਚ ਅਜ ਧੁੰਦ ਤੇ ਧੂੰਏਂ ਕਾਰਨ ਘੱਟ ਦਿਖਾਈ ਦੇਣ ਨਾਲ ਉਡਾਣਾਂ ਦੇ ਸੰਚਾਲਨ ਵਿੱਚ ਦੇਰੀ ਹੋਈ ਏ।